**ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ- ਸਟੇਟ ਪ੍ਰੋਜੈਕਟ ਡਾਇਰੈਕਟਰ**
**ਐਸ.ਸੀ.ਓ. ਨੰ: 104-106, ਸੈਕਟਰ 34-ਏ, ਚੰਡੀਗੜ੍ਹ**

ਵੱਲ

1.ਸਮੂਹ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ)
ਪੰਜਾਬ।
2.ਰਾਜ ਦੇ ਸਮੂਹ ਸੀ. ਸੈਕੰ./ਹਾਈ ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)

ਮੀਮੋ ਨੰ: ਡਿ.ਐਸ.ਪੀ.ਡੀ/ਐਸ.ਐਸ.ਏ/2010/R054442
ਮਿਤੀ, ਚੰਡੀਗੜ੍ਹ: 11/10/2010

ਵਿਸ਼ਾ:- **ਸਤੰਬਰ 2010 ਪਹਿਲੇ ਸਮੈਸਟਰ ਦੀਆਂ ਪ੍ਰੀਖਿਆਵਾਂ ਤੋਂ ਬਾਅਦ ਦਸਵੀਂ ਜਮਾਤ ਦੇ ਦੂਜੇ ਸਮੈਸਟਰ ਦੀਆਂ ਜਮਾਤਾਂ ਲਗਾਉਣ ਸੰਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਦੇ ਸੰਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਅਧੀਨ ਦਸਵੀਂ ਜਮਾਤ ਦੀਆਂ ਸਤੰਬਰ 2010 ਦੀਆਂ ਪਹਿਲੇ ਸਮੈਸਟਰ ਦੀਆਂ ਲਿਖਤੀ ਪ੍ਰੀਖਿਆਵਾਂ ਦਾ ਕੰਮ ਮੁਕੰਮਲ ਹੋ ਚੁੱਕਾ ਹੈ, ਮਹੀਨਾਵਾਰ ਪੇਪਰਾਂ ਦੇ ਸਿਲੇਬਸ ਲਈ ਕੀਤੀ ਵੰਡ ਨੂੰ ਧਿਆਨ ਵਿੱਚ ਰੱਖਦੇ ਹੋਏ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਦਸਵੀਂ ਜਮਾਤ ਦੇ ਵਿਦਿਆਰਥੀਆਂ ਦੀ ਦੂਜੇ ਸਮੈਸਟਰ ਦੀ ਪੜ੍ਹਾਈ ਦਾ ਕੰਮ ਤੁਰੰਤ ਸ਼ੁਰੂ ਕਰ ਦਿੱਤਾ ਜਾਵੇ ਤਾਂ ਜੋ ਵਿਦਿਆਰਥੀਆਂ ਦੇ ਸਮੇਂ ਦਾ ਅਤੇ ਪੜ੍ਹਾਈ ਦਾ ਨੁਕਸਾਨ ਨਾ ਹੋਵੇ ਅਤੇ ਸਿਲੇਬਸ ਵੀ ਮਿੱਥੇ ਸਮੇਂ ਤੇ ਮੁਕੰਮਲ ਕੀਤਾ ਜਾ ਸਕੇ।

4.0 ਇਸ ਤੋਂ ਇਲਾਵਾ ਸਮੂਹ ਸਕੂਲ ਮੁੱਖੀਆਂ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਦਸਵੀਂ ਜਮਾਤ ਦੇ ਸਾਰੇ ਵਿਦਿਆਰਥੀਆਂ ਦੀ ਹਾਜ਼ਰੀ ਜਮਾਤਾਂ ਵਿੱਚ ਯਕੀਨੀ ਬਣਾਈ ਜਾਵੇ ਅਤੇ ਬਿਨਾਂ ਕਿਸੇ ਰੁਕਾਵਟ ਦੇ ਦੂਜੇ ਸਮੈਸਟਰ ਦੀ ਸਿਲੇਬਸ ਅਨੁਸਾਰ ਪੜ੍ਹਾਈ ਦਾ ਕੰਮ ਜਾਰੀ ਰੱਖਿਆ ਜਾਵੇ।

5.0 ਉਪਰੋਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ, ਅਣਗਹਿਲੀ ਦੀ ਸੂਰਤ ਵਿੱਚ ਸਾਰੀ ਜ਼ਿੰਮੇਵਾਰੀ ਆਪ ਜੀ ਦੀ ਹੋਵੇਗੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ ਚੰਡੀਗੜ੍ਹ**